**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਅਮਰੀਕ ਸਿੰਘ ਪੁੱਤਰ ਸ੍ਰੀ ਆਤਮਾ ਸਿੰਘ
207, ਸੈਕਟਰ 45 ਏ, ਚੰਡੀਗੜ੍ਹ। ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਮੈਡੀਕਲ ਐਜੂਕੇਸ਼ਨ ਐਂਡ ਰੀਸਰਚ,
ਪੰਜਾਬ ਸਰਕਾਰ ਮੈਡੀਕਲ ਸਿਖਿਆ ਭਵਨ, ਸੈਕਟਰ 69, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਮੈਡੀਕਲ ਐਜੂਕੇਸ਼ਨ ਐਂਡ ਰੀਸਰਚ,
ਪੰਜਾਬ ਸਰਕਾਰ ਮੈਡੀਕਲ ਸਿਖਿਆ ਭਵਨ, ਸੈਕਟਰ 69, ਮੁਹਾਲੀ। ਉੱਤਰਦਾਤਾ

ਅਪੀਲ ਕੇਸ ਨੰ; 3475/2019

ਹਾਜ਼ਰ:-

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਦੇਵ ਸਿੰਘ, ਸੁਪਰਡੰਟ (84278-17430) ਅਤੇ ਸ੍ਰੀ ਮਹਾਂਦੇਵ ਪ੍ਰਸ਼ਾਦ (96538-88233)

ਹੁੱਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-04-2019, ਲੋਕ ਸੂਚਨਾ ਅਧਿਕਾਰੀ, ਦਫਤਰ ਡਾਇਰੈਕਟਰ ਮੈਡੀਕਲ ਐਜੂਕੇਸ਼ਨ ਐਂਡ ਰੀਸਰਚ, ਪੰਜਾਬ ਸਰਕਾਰ ਮੈਡੀਕਲ ਸਿਖਿਆ ਭਵਨ, ਸੈਕਟਰ 69, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵਲੋਂ ਮੈਡੀਕਲ ਕਾਲਜਾਂ ਵਿਚ ਪੋਸਟਿਡ ਉਨ੍ਹਾਂ ਕਰਮਚਾਰੀਆਂ ਜਿਨ੍ਹਾਂ ਨੂੰ 24 ਘੰਟਿਆਂ ਦਾ ਵੋਲੰਟਰੀ ਰਿਟਾਇਰਮੈਂਟ ਨੋਟਿਸ ਦੀ ਪ੍ਰਵਾਨਗੀ ਦਿੱਤੀ ਗਈ ਸੀ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ।ਉਸ ਉਪਰੰਤ ਉਸ ਨੇ ਮਿਤੀ 19-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਅਪੀਲਕਰਤਾ ਵਲੋਂ ਸ੍ਰੀ ਧੀਰਜ਼ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਦੇਵ ਸਿੰਘ, ਸੁਪਰਡੰਟ ਅਤੇ ਸ੍ਰੀ ਮਹਾਂਦੇਵ ਪ੍ਰਸ਼ਾਦ ਹਾਜ਼ਰ ਹੋਏ। ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਸਬੰਧ ਵਿਚ ਉਨ੍ਹਾਂ ਵਲੋਂ ਆਪਣੇ ਦਫਤਰ ਦਾ ਪੱਤਰ ਨੰ: 1938-39 ਮਿਤੀ 18-10-2019 ਜ਼ੋ ਕਮਿਸ਼ਨ ਅਤੇ ਅਪੀਲਕਰਤਾ ਨੂੰ ਸੂਚਨਾ ਹਿੱਤ ਭੇਜਦੇ ਹੋਏ ਦਸਿਆ ਹੈ ਕਿ ਪਾਰਥੀ ਅਮਰੀਕ ਸਿੰਘ ਨੂੰ ਸਬੰਧਤ ਸੂਚਨਾ ਪੱਤਰ ਮਿਤੀ 16-08-2019 ਰਾਹੀਂ ਰਜਿਸਟਰਡ ਲੈਟਰ ਰਾਹੀਂ ਭੇਜੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਪੱਤਰ ਨੰ: 4 ਐਮ.ਈ.-2-.ਪੰ.-2019/19773 ਮਿਤੀ 23-10-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਰਾਹੀਂ ਵੀ ਦਸਿਆ ਗਿਆ ਕਿ ਪ੍ਰਾਰਥੀ ਦੀ ਅਰਜੀ ਪੱਤਰ ਮਿਤੀ 14-06-2019 ਰਾਹੀਂ ਇਸ ਡਾਇਰੈਕਟੋਰੇਟ ਅਧੀਨ ਕੰਮ ਕਰ ਰਹੀਆਂ ਸੰਸਥਾਵਾਂ ਨੂੰ ਬਿਨੈਕਾਰ ਨੂੰ ਸਿੱਧੇ ਤੌਰ ਤੇ ਸੂਚਨਾ ਭੇਜਣ ਲਈ ਲਿਖ ਦਿੱਤਾ ਗਿਆ ਸੀ। ਇਸ ਤੋਂ ਇਲਾਵਾ ਦਸਿਆ ਗਿਆ ਕਿ ਪੱਤਰ ਨੰ: ਪੰ-2014/13804-18, ਮਿਤੀ 11-09-2014 ਰਾਹੀਂ ਅਜਿਹੇ ਕਰਮਚਾਰੀਆਂ ਬਾਰੇ ਸੂਚਨਾ ਚੌਕਸੀ ਵਿਭਾਗ ਦੀ ਪੜਤਾਲ ਨੰ: 7 ਮਿਤੀ 02-09-2014 ਦੇ ਸਬੰਧ ਵਿਚ ਜੋ ਸੂਚਨਾ ਭੇਜੀ ਗਈ ਸੀ ਦੀ ਕਾਪੀ ਭੇਜੀ ਗਈ ਹੈ।ਇਸ ਤੋਂ ਇਲਾਵਾ ਇਹ ਵੀ ਦਸਿਆ ਗਿਆ ਕਿ ਸਰਕਾਰ ਦੀਆਂ ਹਦਾਇਤਾਂ ਮਿਤੀ 24-06-2016 ਦੀ ਨਕਲ ਵੀ ਭੇਜੀ ਗਈ ਜ਼ੋ ਸਰਕਾਰ ਦੀ ਵੈਬ-ਸਾਇਟ ਤੇ ਉਪਲਭਧ ਹੈ। ਇਹ ਸਾਰੇ ਪੱਤਰ ਮਿਸਲ ਤੇ ਰੱਖ ਲਏ ਗਏ ਹਨ। ਅਪੀਲਕਰਤਾ ਭੇਜੀ ਗਈ ਸੂਚਨਾ ਤੋਂ ਸੰਤੁਸ਼ਟ ਨਹੀਂ ਹੋਇਆ। ਇਸ ਲਈ ਵਿਭਾਗ ਵਲੋਂ ਸਮੇ ਦੀ ਮੰਗ ਕੀਤੀ ਗਈ ।

4. ਦੋਨ੍ਹਾਂ ਧਿਰਾਂ ਵਲੋਂ ਪੇਸ਼ ਹੋ ਕੇ ਦਿੱਤੀਆਂ ਗਈਆਂ ਦਲੀਲਾਂ ਅਤੇ ਪੇਸ਼ ਕੀਤੇ ਗਏ ਰਿਕਾਰਡ ਨੂੰ ਘੋਖਣ ਤੇ

ਪਰਤੋ ਜੀ ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ; 3475/2019**

ਪਾਇਆ ਗਿਆ ਕਿ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਸੂਚਨਾ ਭੇਜ਼ ਦਿੱਤੀ ਗਈ ਹੈ, ਜਿਸ ਤੋਂ ਉਹ ਸੰਤੁਸ਼ਟ ਨਹੀਂ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉੱਤਰਦਾਤਾ ਵਲੋਂ ਉਸਨੂੰ ਭੇਜੀ ਗਈ ਸੂਚਨਾ ਤੇ ਜ਼ੇ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਉਸ ਸਬੰਧੀ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਦੇ ਹੋਏ ਅਪੀਲਕਰਤਾ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 14-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 24 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਗਗਨਦੀਪ ਸਿੰਘ ਜੰਜੂਆ 9780643243
ਪਿੰਡ ਤੂਰਾ ਡਾਕਖਾਣਾ ਖੁੰਭ ਤਹਿਸੀਲ ਅਮਲੋਹ ।ਫਤਿਹਗੜ ਸਾਹਿਬ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅੱਧਿਕਾਰੀ,
ਦਫਤਰ ਐਸ.ਡੀ.ਐਮ ਬੰਗਾ ਜਿਲਾ ਐਸ.ਬੀ.ਐਸ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਐਸ.ਡੀ.ਐਮ ਬੰਗਾ ਜਿਲਾ ਐਸ.ਬੀ.ਐਸ ਨਗਰ। ----------ਉੱਤਰਦਾਤਾ

ਅਪੀਲ ਕੇਸ ਨੰ: 3476/2019

ਹਾਜ਼ਰ:-

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨੋਹਰ ਲਾਲ, ਰੀਡਰ/ਐਸ.ਡੀ.ਐਮ. (94178-52962)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-06-2019, **ਲੋਕ ਸੂਚਨਾ ਅਧਿਕਾਰੀ,** ਦਫਤਰ ਐਸ.ਡੀ.ਐਮ ਬੰਗਾ ਜ਼ਿਲ੍ਹਾ ਐਸ.ਬੀ.ਐਸ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵਲੋਂ ਪਿੰਡ ਪੱਦੀ ਮੱਠ ਵਾਲੀ ਦੇ ਮੱਠ 108 ਸੁਆਮੀ ਗੰਭੀਰ ਨਾਥ ਪਰਬਤ ਜੀ, ਦੇ ਮੋਹਤਮਿਮ ਮੰਹਤ ਸ੍ਰੀ ਪੱਦੀਮੱਠਆਦਿਪਤੀ ਮਹਾਂਮਡਲੇਸ਼ਵਰ ਵੇਦਾਂਤਆਚਾਰੀਆ ਸੁਆਮੀ ਸ੍ਰੀ ਸ਼ੰਕਰਾਨੰਦ ਪਰਬਤ ਜੀ ਮਹਾਰਾਜ ਦੇ ਖਿਲਾਫ ਪੱਤਰ ਨੰ: 143/ਰੀਡਰ, ਮਿਤੀ 13-06-2019 ਰਾਹੀ ਜ਼ੋ ਰਿਪੋਰਟ ਡਿਪਟੀ ਕਮਿਸ਼ਨ ਸ਼:ਭ:ਸ:ਨ: ਜੀ ਨੂੰ ਭੇਜੀ ਹੈ ਦੇ ਸਬੰਧ ਵਿਚ ਸੂਚਨਾ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਅਪੀਲਕਰਤਾ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਉੱਤਰਦਾਤਾ ਵਲੋਂ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨੋਹਰ ਲਾਲ, ਐਸ.ਡੀ.ਐਮ. ਦਾ ਰੀਡਰ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ।

4. ਦੋਨਾਂ ਧਿਰਾਂ ਪੇਸ਼ੀ ਤੇ ਹਾਜ਼ਰ ਹੋਈਆਂ। ਉੱਤਰਦਾਤਾ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਜਿਸਦੀ ਪੁਸ਼ਟੀ ਅਪੀਲਕਰਤਾ ਵਲੋਂ ਕਰਦੇ ਹੋਏ ਦਸਿਆ ਗਿਆ ਕਿ ਉਨ੍ਹਾਂ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 24 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਗਗਨਦੀਪ ਸਿੰਘ ਜੰਜੂਆ 9780643243
ਪਿੰਡ ਤੂਰਾ ਡਾਕਖਾਣਾ ਖੁੰਭ ਤਹਿਸੀਲ ਅਮਲੋਹ ।
ਫਤਿਹਗੜ ਸਾਹਿਬ। ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅੱਧਿਕਾਰੀ,
ਦਫਤਰ ਐਸ.ਡੀ.ਐਮ ਬੰਗਾ ਜਿਲਾ ਐਸ.ਬੀ.ਐਸ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਐਸ.ਡੀ.ਐਮ ਬੰਗਾ ਜਿਲਾ ਐਸ.ਬੀ.ਐਸ ਨਗਰ। ---------ਉੱਤਰਦਾਤਾ

ਅਪੀਲ ਕੇਸ ਨੰ: 3477/2019

ਹਾਜ਼ਰ:-

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨੋਹਰ ਲਾਲ, ਰੀਡਰ/ਐਸ.ਡੀ.ਐਮ. (94178-52962)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-06-2019, ਲੋਕ ਸੂਚਨਾ ਅਧਿਕਾਰੀ, ਦਫਤਰ ਐਸ.ਡੀ.ਐਮ ਬੰਗਾ ਜਿਲਾ ਐਸ.ਬੀ.ਐਸ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵਲੋਂ ਦਫਤਰ ਸ੍ਰੀਮਤੀ ਦੀਪ ਸ਼ਿਖਾਂ ਸ਼ਰਮਾਂ, ਉੱਪ ਮੰਡਲ ਮੈਜਿਸਟਰਟ, ਬੰਗਾਂ, ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਅਪੀਲਕਰਤਾ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਉੱਤਰਦਾਤਾ ਵਲੋਂ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨੋਹਰ ਲਾਲ, ਐਸ.ਡੀ.ਐਮ. ਦਾ ਰੀਡਰ ਹਾਜ਼ਰ ਹੋਇਆ। ਉਸ ਵਲੋਂ ਇਸ ਕੇਸ ਵਿਚ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਸਮੇਂ ਦੀ ਮੰਗ ਕੀਤੀ ਗਈ । ਜਿਸ ਨੂੰ ਪ੍ਰਵਾਨ ਕਰਦੇ ਹੋਏ ਇਹ ਅਪੀਲ ਕੇਸ **ਅਗਲੀ ਸੁਣਵਾਈ ਮਿਤੀ 14-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 24 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਗਗਨਦੀਪ ਸਿੰਘ ਜੰਜੂਆ 9780643243
ਪਿੰਡ ਤੂਰਾ ਡਾਕਖਾਣਾ ਖੁੰਭ ਤਹਿਸੀਲ ਅਮਲੋਹ ।
ਫਤਿਹਗੜ ਸਾਹਿਬ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਡੀ.ਐਮ ਬੰਗਾ ਜਿਲਾ ਐਸ.ਬੀ.ਐਸ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਐਸ.ਡੀ.ਐਮ ਬੰਗਾ ਜਿਲਾ ਐਸ.ਬੀ.ਐਸ ਨਗਰ।

------ਉੱਤਰਦਾਤਾ

ਅਪੀਲ ਕੇਸ ਨੰ: 3478/2019

ਹਾਜ਼ਰ:-

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨੋਹਰ ਲਾਲ, ਰੀਡਰ/ਐਸ.ਡੀ.ਐਮ. (94178-52962)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-06-2019, ਲੋਕ ਸੂਚਨਾ ਅਧਿਕਾਰੀ, ਦਫਤਰ ਐਸ.ਡੀ.ਐਮ ਬੰਗਾ ਜਿਲਾ ਐਸ.ਬੀ.ਐਸ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵਲੋਂ ਪਿੰਡ ਪੱਦੀ ਮੱਠ ਵਾਲੀ ਦੇ ਮੱਠ 108 ਸੁਆਮੀ ਗੰਭੀਰ ਨਾਥ ਪਰਬਤ ਜੀ, ਦੇ ਮੋਹਤਮਿਮ ਮੰਹਤ ਸ੍ਰੀ ਪੱਦੀਮੱਠਆਦਿਪਤੀ ਮਹਾਂਮਡਲੇਸ਼ਵਰ ਵੇਦਾਂਤਆਚਾਰੀਆ ਸੁਆਮੀ ਸ੍ਰੀ ਸ਼ੰਕਰਾਨੰਦ ਪਰਬਤ ਜੀ ਮਹਾਰਾਜ ਦੇ ਖਿਲਾਫ ਪੱਤਰ ਨੰ: 143/ਰੀਡਰ, ਮਿਤੀ 13-06-2019 ਰਾਹੀ ਜੋ ਰਿਪੋਰਟ ਡਿਪਟੀ ਕਮਿਸ਼ਨਰ ਸ਼:ਭ:ਸ:ਨ ਜੀ ਨੂੰ ਭੇਜੀ ਵਿਚ ਲਿਖਿਆ ਕਿ ਸਾਡੇ ਪਿੰਡ ਅਤੇ ਆਲੇ ਦੁਆਲੇ ਦੀਆਂ ਚਾਰ ਪਿੰਡਾਂ ਦੀਆਂ ਪੰਚਾਇਤਾਂ ਨੇ ਸਹਿਮਤੀ ਨਾਲ ਸ਼ੰਕਰਾਨੰਦ ਪਰਬਤ ਬਿਠਾਇਆ ਸੀ ਦੇ ਸਬੰਧ ਵਿਚ ਸੂਚਨਾ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਅਪੀਲਕਰਤਾ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਉੱਤਰਦਾਤਾ ਵਲੋਂ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨੋਹਰ ਲਾਲ, ਐਸ.ਡੀ.ਐਮ. ਦਾ ਰੀਡਰ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ।

4. ਦੋਨਾਂ ਧਿਰਾਂ ਪੇਸ਼ੀ ਤੇ ਹਾਜ਼ਰ ਹੋਈਆਂ। ਉੱਤਰਦਾਤਾ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਜਿਸਦੀ ਪੁਸ਼ਟੀ ਅਪੀਲਕਰਤਾ ਵਲੋਂ ਕਰਦੇ ਹੋਏ ਦਸਿਆ ਗਿਆ ਕਿ ਉਨ੍ਹਾਂ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 24 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸੁਰਜੀਤ ਸੋਢੀ, ਐੱਮ.ਸੀ., (98720-70863)
ਵਾਰਡ ਨੰ:22 ਮਕਾਨ ਨੰ: 1634,ਸੈਕਟਰ-70, ਮੁਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਨਗਰ ਨਿਗਮ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਨਗਰ ਨਿਗਮ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ: 1827/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਉਸ ਦੇ ਪਤੀ, ਸ਼੍ਰੀ ਐਨ.ਕੇ.ਐਸ.ਸੋਢੀ (98720-70863)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਪਰਮਜੀਤ ਸਿਘ, ਐਲ.ਏ., ਦਫਤਰ ਨਗਰ ਨਿਗਮ, ਮੁਹਾਲੀ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-02-2019, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਨਿਗਮ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ, 2005 ਦੀ ਧਾਰਾ 4 ਤਹਿਤ ਆਪਣੇ ਆਪ ਮਿਊਂਸਿਪਲ ਕਾਰਪੋਰੇਸ਼ਨ, ਐਕਟ ਦੇ ਉਪਬੰਧਾਂ ਨੂੰ ਲਾਗੂ ਕਰਨ ਨਾਲ ਸਬੰਧਤ 12 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਿਛਲੀ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਰਾਜੀਵ ਕੁਮਾਰ, ਸਕੱਤਰ, ਕਾਰਪੋਰੇਸ਼ਨ ਨੇ ਅਪੀਲਕਰਤਾ ਨੂੰ ਪੱਤਰ ਨੰ:67/ਸੈਕਟਰੀ, ਮਿਤੀ 16-08-2019 ਰਾਹੀਂ ਦਿੱਤੀ ਗਈ ਸੂਚਨਾ ਵਿੱਚ ਅਪੀਲਕਰਤਾ ਵੱਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਪੱਤਰ ਨੰ:274, ਮਿਤੀ 09-09-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਸੀ, ਰਾਹੀਂ ਨੁਕਤਾਵਾਰ ਸੂਚਨਾ ਪੇਸ਼ ਕੀਤੀ ਸੀ ਅਤੇ ਇਸ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਦੇ ਨੁਮਾਇੰਦੇ ਨੂੰ ਦਸਤੀ ਦੇ ਦਿੱਤੀ ਗਈ ਸੀ। ਅਪੀਲਕਰਤਾ ਦੇ ਨੁਮਾਇੰਦੇ ਨੇ ਸੂਚਨਾ ਚੈੱਕ ਕਰਨ ਲਈ ਸਮੇਂ ਦੀ ਮੰਗ ਕੀਤੀ ਸੀ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਤਰੁੱਟੀਆਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 01-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 01-10-2019 ਨੂੰ ਅਪੀਲਕਰਤਾ ਵੱਲੋਂ ਹਾਜ਼ਰ, ਉਸ ਦੇ ਪਤੀ, ਸ਼੍ਰੀ ਐਨ.ਕੇ.ਐਸ.ਸੋਢੀ ਨੇ ਦਸਿਆ ਕਿ ਉਨ੍ਹਾਂ ਵਲੋਂ ਪੱਤਰ ਮਿਤੀ 25-09-2019 ਜ਼ੋ ਕਮਿਸ਼ਨ ਅਤੇ ਲੋਕ ਸੂਚਨਾ ਅਧਿਕਾਰੀ ਨੂੰ ਸੰਬੋਧਤ ਹੈ ਅਨੁਸਾਰ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਿਆ ਗਿਆ ਹੈ। ਇਸ ਤਰ੍ਹਾਂ ਹਾਜ਼ਰ ਅਪੀਲਕਰਤਾ ਵੱਲੋਂ ਦਸਿਆ ਗਿਆ ਕਿ ਦਸੀਆਂ ਗਈਆਂ ਤਰੁਟੀਆਂ ਨੂੰ ਦੂਰ ਨਹੀਂ ਕੀਤਾ ਗਿਆ ਇਸ ਉਪਰੰਤ ਅਗਲੀ ਮਿਤੀ 24-10-2019 ਨਿਸਚਿਤ ਕੀਤੀ ਗਈ ਸੀ ।

3. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਵੱਲੋਂ ਹਾਜ਼ਰ, ਉਸ ਦੇ ਪਤੀ, ਸ਼੍ਰੀ ਐਨ.ਕੇ.ਐਸ.ਸੋਢੀ ਨੇ ਦਸਿਆ ਕਿ ਉਨ੍ਹਾਂ ਵਲੋਂ ਦਸੀਆਂ ਗਈਆਂ ਤਰੁਟੀਆਂ ਨੂੰ ਦੂਰ ਨਹੀਂ ਕੀਤਾ ਗਿਆ। ਇਸ ਤੋਂ ਇਲਾਵਾ ਉੱਤਰਦਾਤਾ ਵਲੋਂ ਮੰਗੀ ਗਈ ਸੂਚਨਾ ਲੇਟ

ਪਰਤੋ ਜੀ -----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 1827/2019**

ਦਿੱਤੀ ਗਈ ਹੈ, ਇਸ ਲਈ ਉੱਤਰਦਾਤਾ ਨੂੰ ਜੁਰਮਾਨਾ ਪਾਇਆ ਜਾਵੇ।

4. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਪਰਮਜੀਤ ਸਿਘ, ਐਲ.ਏ., ਦਫਤਰ ਨਗਰ ਨਿਗਮ, ਮੁਹਾਲੀ ਹਾਜ਼ਰ ਹੋਇਆ । ਉਸ ਵਲੋਂ ਲੋਕ ਸੂਚਨਾ ਅਧਿਕਾਰੀ ਦਾ ਪੱਤਰ ਨੰ: 327 ਮਿਤੀ 23-10-2019 ਪੇਸ਼ ਕੀਤਾ ਗਿਆ ਜਿਸ ਰਾਹੀਂ ਉਨ੍ਹਾਂ ਵਲੋਂ ਦਸਿਆ ਗਿਆ ਕਿ ਮਹਾਤਮਾ ਗਾਂਧੀ ਜੀ ਦੀ 150ਵੀਂ ਜਨਮ ਵਰ੍ਹੇਗੰਡ ਮਨਾਉਣ ਸਬੰਧੀ ਮਿਤੀ 02-10-2019 ਨੂੰ ਸਮਾਗਮ ਕਰਵਾਇਆ ਜਾਣਾ ਸੀ ਜਿਸ ਦੀ ਤਿਆਰੀ ਦੀ ਨਿਰੋਲ ਜਿੰਮੇਵਾਰੀ ਉਨ੍ਹਾਂ ਦੀ ਹੋਣ ਕਾਰਨ ਉਹ ਮਿਤੀ 01-10-2019 ਨੂੰ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਿਆ। ਇਸ ਤੋਂ ਇਲਾਵਾ ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਦੀ ਦਰਖਾਸਤ ਮਿਤੀ 26-02-2019 ਦੇ ਨੁਕਤਾ ਨੰ: 1,2,6,8,11 ਅਤੇ 12 ਸਬੰਧੀ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਜਿਸ ਤੇ ਅਪੀਲਕਰਤਾ ਵਲੋਂ ਈ.ਮੇਲ. ਮਿਤੀ 25-09-2019 ਰਾਹੀਂ ਸੰਤੁਸ਼ਟੀ ਜਤਾਈ ਗਈ ਹੈ। ਇਸਤੋਂ ਇਲਾਵਾ ਨੁਕਤਾ ਨੰ: 3,4,5,7,9 ਅਤੇ 10 ਸਬੰਧੀ ਹੁਣ ਉਕਤ ਪੱਤਰ ਮਿਤੀ 23-10-2019 ਰਾਹੀਂ ਰਿਪੋਰਟ ਕੀਤੀ ਗਈ ਹੈ।ਪਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ ਵਲੋਂ ਹਾਜ਼ਰ ਸ੍ਰੀ ਪਰਮਜੀਤ ਸਿਘ, ਐਲ.ਏ., ਦਫਤਰ ਨਗਰ ਨਿਗਮ, ਮੁਹਾਲੀ ਵਲੋਂ ਪੇਸ਼ ਕੀਤੇ ਗਏ ਪੱਤਰ ਮਿਤੀ 23-10-2019 ਵਿਚ ਮਿਤੀ 01-10-2019 ਨੂੰ ਹਾਜ਼ਰ ਨਾ ਹੋਣ ਸਬੰਧੀ ਦਿੱਤੇ ਸਪੱਸ਼ਟੀਕਰਣ ਦੇ ਨਾਲ ਨਾਲ ਅਪੀਲਕਰਤਾ ਵਲੋਂ ਪੇਸ਼ ਕੀਤੀ ਗਈ ਸੂਚਨਾ ਅਨੁਸਾਰ ਦੂਰ ਕੀਤੀਆਂ ਗਈਆਂ ਤਰੁੱਟੀਆਂ ਨਾਲ ਕਮਿਸ਼ਨ ਸੰਤੁਸ਼ਟ ਹੈ।ਇਸ ਤੋਂ ਇਲਾਵਾ ਉੱਤਰਦਾਤਾ ਵਲੋਂ ਅਪੀਲਕਰਤਾ ਦੀ ਦਰਖਾਸਤ ਮਿਤੀ 26-02-2019 ਸਬੰਧੀ ਆਪਣੇ ਪੱਤਰ ਮਿਤੀ 12-03-2019 , 05-08-2019 ਅਤੇ 09-09-2019 ਰਾਹੀਂ ਵੀ ਬਣਦੀ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਲਈ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

**ਮਿਤੀ: ਚੰਡੀਗੜ੍ਹ, 24 ਅਕਤੂਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐੱਸ.ਐੱਚ.ਓ., ਪੁਲਿਸ ਥਾਣਾ (ਸਿਟੀ),
ਸੰਗਰੂਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:574/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ।

**ਹੁੱਕਮ:**

ਪਿਛਲੀ ਸੁਣਵਾਈ ਮਿਤੀ 09-10-2019 ਤੇ ਸ਼ਿਕਾਇਤਕਰਤਾ ਹਾਜ਼ਰ ਨਹੀਂ ਸੀ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਵੀ ਕੋਈ ਹਾਜ਼ਰ ਨਹੀਂ ਸੀ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਸਬੰਧੀ ਕੋਈ ਸੂਚਨਾ ਹੀ ਪ੍ਰਾਪਤ ਹੋਈ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 24-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਮੁੜ ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ । ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਵੀ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਸਬੰਧੀ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

3. ਉੱਤਰਦਾਤਾ ਵਲੋਂ ਸ਼ਿਕਾਇਤਕਰਤਾ ਦੀ ਅਰਜੀ ਮਿਤੀ 22-04-2019 ਦੇ ਸਬੰਧ ਵਿਚ ਉਸਨੂੰ ਕੋਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ । ਇਸ ਉਪਰੰਤ ਸ਼ਿਕਾਇਤਕਰਤਾ ਵਲੋਂ ਕਮਿਸ਼ਨ ਪਾਸ ਕੀਤੀ ਗਈ ਸਿਕਾਇਤ ਸਬੰਧੀ ਐਸ.ਐਚ.ਓ. ਪੁਲਿਸ ਸਟੇਸ਼ਨ ਸਿੱਟੀ ਸੰਗਰੂਰ ਨੂੰ ਭੇਜੇ ਗਏ ਕਮਿਸਨ ਦੇ ਨੋਟਿਸ ਮਿਤੀ 14-08-2019 ਅਤੇ ਇਸ ਉਪਰੰਤ ਨਿਸਚਿਤ ਕੀਤੀਆਂ ਗਈਆਂ ਮਿਤੀਆਂ ਤੇ ਵੀ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਜਿਸਦਾ ਕਮਿਸ਼ਨ ਵਲੋਂ ਸਖਤ ਨੋਟਿਸ ਲਿਆ ਗਿਆ ਹੈ। ਇਸ ਲਈ ਲੋਕ ਸੂਚਨਾ ਅਧਿਕਾਰੀ, ਐਸ.ਐਚ.ਓ. ਪੁਲਿਸ ਥਾਣਾ ( ਸਿਟੀ ) ਸੰਗਰੂਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਕਮਿਸ਼ਨ ਵਲੋਂ ਇਸ ਸ਼ਿਕਾਇਤ ਕੇਸ ਵਿਚ ਨਿਸਚਿਤ ਕੀਤੀਆਂ ਗਈਆਂ ਮਿਤੀਆਂ ਨੂੰ ਹਾਜ਼ਰ ਨਾ ਹੋਣ ਬਾਰੇ ਲਿਖਤੀ ਰੂਪ ਵਿਚ ਆਪਣੀ ਸਪੱਸ਼ਟੀਕਰਣ ਅਗਲੀ ਮਿਤੀ ਤੇ ਪੇਸ਼ ਕੀਤਾ ਜਾਵੇ। ਇਸ ਦੇ ਨਾਲ ਹੀ ਸ਼ਿਕਾਇਤਕਰਤਾ ਵਲੋਂ ਮੰਗੀ ਗਈ ਸੂਚਨਾ ਵੀ ਅਗਲਾ ਮਿਤੀ ਤੋਂ ਪਹਿਲਾਂ ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਪੇਸ਼ੀ ਦੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 14-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 24 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਮਨਦੀਪ ਸਿੰਘ,
ਪੁੱਤਰ ਸ਼੍ਰੀ ਸੁਰਿੰਦਰ ਸਿੰਘ,
ਮਕਾਨ ਨੰ:426/2, ਘੇਰ ਸੋਢੀਆਂ,
ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ,
ਪੰਜਾਬ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ,
ਪੰਜਾਬ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2442/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮੋਹਿਤ, ਸੀਨੀਅਰ ਸਹਾਇਕ (79862-40093)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-12-2018, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਲੈਰੀਕਲ ਭਰਤੀ 2011 ਲਈ ਮੈਰਿਟ ਲਿਸਟ ਜਿਸ ਅਨੁਸਾਰ 2014 ਵਿੱਚ ਅੰਤਿਮ ਭਰਤੀ ਕੀਤੀ ਗਈ ਸੀ, ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਿਛਲੀ ਪੇਸ਼ੀ, ਮਿਤੀ 11-09-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਈ.ਮੇਲ ਮਿਤੀ 11-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਸ ਕੇਸ ਦੀ ਪੈਰਵਾਈ ਵਾਸਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ । ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 09-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਮਿਤੀ 09-10-2019 ਨੂੰ ਅਪੀਲਕਰਤਾ ਨੇ ਦਸਿਆ ਕਿ ਉਤਰਦਾਤਾ ਵਲੋਂ ਜ਼ੋ ਸੂਚਨਾ ਦਿੱਤੀ ਗਈ ਹੈ ਉਹ ਅਧੂਰੀ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸ ਨੂੰ ਪ੍ਰਾਪਤ ਸੂਚਨਾ ਵਿਚ ਜੇ ਕੋਈ ਤਰੁੱਟੀਆਂ ਪਾਈਆਂ ਗਈਆਂ ਹਨ ਉਨ੍ਹਾਂ ਸਬੰਧੀ ਉਤਰਦਾਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਾਪੀ ਕਮਿਸ਼ਨ ਨੂੰ ਭੇਜੀ ਜਾਵੇ। ਇਸ ਦੇ ਨਾਲ ਹੀ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਜੇਕਰ ਕੋਈ ਤਰੁੱਟੀਆਂ ਬਾਰੇ ਉਨ੍ਹਾਂ ਨੂੰ ਦੱਸਦਾ ਹੈ ਤਾਂ ਦਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਕੇ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਉਸਨੂੰ ਸੂਚਿਤ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਕੇਸ ਵਿਚ ਅਗਲੀ ਸੁਣਵਾਈ ਦੀ ਮਿਤੀ 24-10-2019 ਨਿਸਚਿਤ ਕੀਤੀ ਗਈ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਕੋਈ ਪੇਸ਼ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਹਾਜ਼ਰ ਨਾ ਹੋਣ ਸਬੰਧੀ ਕੋਈ ਸੂਚਨਾ ਪ੍ਰਾਪਤ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮੋਹਿਤ, ਸੀਨੀਅਰ ਸਹਾਇਕ ਹਾਜ਼ਰ ਹੋਇਆ । ਉਸ ਵਲੋਂ ਅੱਜ ਪੇਸ਼ੀ ਸਮੇ ਲਿਖਤੀ ਰੂਪ ਵਿਚ ਦਸਿਆ ਗਿਆ ਕਿ ਕਮਿਸ਼ਨ ਦੇ ਆਦੇਸ਼ਾਂ ਅਨੁਸਾਰ ਅਪੀਲਕਰਤਾ ਵਲੋਂ ਮੰਗੀ ਗਈ ਜਾਣਕਾਰੀ ਸਬੰਧੀ ਉੱਤਰਦਾਤਾ ਨੂੰ ਕੋਈ ਤਰੁੱਟੀ ਪ੍ਰਾਪਤ ਨਹੀਂ ਹੋਈ ਇਸ ਲਈ ਇਹ ਕੇਸ ਬੰਦ ਕੀਤਾ ਜਾਵੇ।

4. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ। ਪਿਛਲੀ ਪੇਸ਼ੀ ਦੀ ਮਿਤੀ 09-10-2019 ਨੂੰ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸਨੂੰ ਪ੍ਰਾਪਤ ਸੂਚਨਾ ਵਿਚ ਜੇ ਕੋਈ ਤਰੁੱਟੀਆਂ ਪਾਈਆਂ ਗਈਆਂ ਹਨ ਉਨ੍ਹਾਂ

ਪਰਤੋ ਜੀ------ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**2442/2019

ਸਬੰਧੀ ਉਤਰਦਾਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਾਪੀ ਕਮਿਸ਼ਨ ਨੂੰ ਭੇਜੀ ਜਾਵੇ।ਇਸ ਸਬੰਧ ਵਿਚ ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਜਾਣਕਾਰੀ ਸਬੰਧੀ ਉੱਤਰਦਾਤਾ ਨੂੰ ਕੋਈ ਤਰੁੱਟੀ ਪ੍ਰਾਪਤ ਨਹੀਂ ਹੋਈ। ਇਸ ਸਬੰਧ ਵਿਚ ਕਮਿਸ਼ਨ ਪਾਸ ਵੀ ਅਪੀਲਕਰਤਾ ਵਲੋਂ ਕੋਈ ਤਰੁੱਟੀ ਨਹੀਂ ਆਈ। ਇਸ ਤਰ੍ਹਾਂ ਕਮਿਸ਼ਨ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ:** ਚੰਡੀਗੜ੍ਹ, 24 ਅਕਤੂਬਰ, 2019.

ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਮਨਦੀਪ ਸਿੰਘ,
ਪੁੱਤਰ ਸ਼੍ਰੀ ਸੁਰਿੰਦਰ ਸਿੰਘ,
ਮਕਾਨ ਨੰ:426/2, ਘੇਰ ਸੋਢੀਆਂ,ਪਟਿਆਲਾ ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,ਦਫਤਰ ਸਕੱਤਰ,
ਅਧੀਨ ਸੇਵਾਵਾਂ ਚੋਣ ਬੋਰਡ,ਪੰਜਾਬ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-ਦਫਤਰ ਸਕੱਤਰ,
ਅਧੀਨ ਸੇਵਾਵਾਂ ਚੋਣ ਬੋਰਡ,ਪੰਜਾਬ, ਮੁਹਾਲੀ -------ਉੱਤਰਦਾਤਾ

**ਅਪੀਲ ਕੇਸ ਨੰ:2443/2019**

**ਹਾਜ਼ਰ:-**

1 ਅਪੀਲਕਰਤਾ ਵਲੋਂ ਕੋਈ ਨਹੀਂ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮੋਹਿਤ, ਸੀਨੀਅਰ ਸਹਾਇਕ (79862-40093)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-01-2019, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2013 ਵਿੱਚ ਕਲਰਕਾਂ ਨੂੰ ਵਿਭਾਗ/ਸਟੇਸ਼ਨ ਅਲਾਟ ਕਰਨ ਵਾਲੀ ਸੂਚੀ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਿਛਲੀ ਪੇਸ਼ੀ, ਮਿਤੀ 11-09-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਈ.ਮੇਲ ਮਿਤੀ 11-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਸ ਕੇਸ ਦੀ ਪੈਰਵਾਈ ਵਾਸਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ । ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 09-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਮਿਤੀ 09-10-2019 ਨੂੰ ਅਪੀਲਕਰਤਾ ਨੇ ਦਸਿਆ ਕਿ ਉਤਰਦਾਤਾ ਵਲੋਂ ਜ਼ੋ ਸੂਚਨਾ ਦਿੱਤੀ ਗਈ ਹੈ ਉਹ ਅਧੂਰੀ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸ ਨੂੰ ਪ੍ਰਾਪਤ ਸੂਚਨਾ ਵਿਚ ਜੇ ਕੋਈ ਤਰੁੱਟੀਆਂ ਪਾਈਆਂ ਗਈਆਂ ਹਨ ਉਨ੍ਹਾਂ ਸਬੰਧੀ ਉਤਰਦਾਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਾਪੀ ਕਮਿਸ਼ਨ ਨੂੰ ਭੇਜੀ ਜਾਵੇ। ਇਸ ਦੇ ਨਾਲ ਹੀ ਉਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਜੇਕਰ ਕੋਈ ਤਰੁੱਟੀਆਂ ਬਾਰੇ ਉਨ੍ਹਾਂ ਨੂੰ ਦੱਸਦਾ ਹੈ ਤਾਂ ਦਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਕੇ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਉਸਨੂੰ ਸੂਚਿਤ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਕੇਸ ਵਿਚ ਅਗਲੀ ਸੁਣਵਾਈ ਦੀ ਮਿਤੀ 24-10-2019 ਨਿਸਚਿਤ ਕੀਤੀ ਗਈ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਕੋਈ ਪੇਸ਼ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਹਾਜ਼ਰ ਨਾ ਹੋਣ ਸਬੰਧੀ ਕੋਈ ਸੂਚਨਾ ਪ੍ਰਾਪਤ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮੋਹਿਤ, ਸੀਨੀਅਰ ਸਹਾਇਕ ਹਾਜ਼ਰ ਹੋਇਆ । ਉਸ ਵਲੋਂ ਅੱਜ ਪੇਸ਼ੀ ਸਮੇ ਲਿਖਤੀ ਰੂਪ ਵਿਚ ਦਸਿਆ ਗਿਆ ਕਿ ਕਮਿਸ਼ਨ ਦੇ ਆਦੇਸ਼ਾਂ ਅਨੁਸਾਰ ਅਪੀਲਕਰਤਾ ਵਲੋਂ ਮੰਗੀ ਗਈ ਜਾਣਕਾਰੀ ਸਬੰਧੀ ਉੱਤਰਦਾਤਾ ਨੂੰ ਕੋਈ ਤਰੁੱਟੀ ਪ੍ਰਾਪਤ ਨਹੀਂ ਹੋਈ ਇਸ ਲਈ ਇਹ ਕੇਸ ਬੰਦ ਕੀਤਾ ਜਾਵੇ।

4. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ। ਪਿਛਲੀ ਪੇਸ਼ੀ ਦੀ ਮਿਤੀ 09-10-2019 ਨੂੰ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸਨੂੰ ਪ੍ਰਾਪਤ ਸੂਚਨਾ ਵਿਚ ਜੇ ਕੋਈ ਤਰੁੱਟੀਆਂ ਪਾਈਆਂ ਗਈਆਂ ਹਨ ਉਨ੍ਹਾਂ

ਪਰਤੋ ਜੀ------ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**2443/2019

ਸਬੰਧੀ ਉਤਰਦਾਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਾਪੀ ਕਮਿਸ਼ਨ ਨੂੰ ਭੇਜੀ ਜਾਵੇ।ਇਸ ਸਬੰਧ ਵਿਚ ਉੱਤਰਦਾਤਾ ਦੇ ਨੁਮਾਇੰਦੇ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਜਾਣਕਾਰੀ ਸਬੰਧੀ ਉੱਤਰਦਾਤਾ ਨੂੰ ਕੋਈ ਤਰੁੱਟੀ ਪ੍ਰਾਪਤ ਨਹੀਂ ਹੋਈ। ਇਸ ਸਬੰਧ ਵਿਚ ਕਮਿਸ਼ਨ ਪਾਸ ਵੀ ਅਪੀਲਕਰਤਾ ਵਲੋਂ ਕੋਈ ਤਰੁੱਟੀ ਨਹੀਂ ਆਈ। ਇਸ ਤਰ੍ਹਾਂ ਕਮਿਸ਼ਨ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 24 **ਅਕਤੂਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ਵੈਤਾ ਅਰੋੜਾ,
ਡਿਪਟੀ ਰਜਿਸਟਰਾਰ,
ਸੈਂਟਰਲ ਯੂਨੀਵਰਸਿਟੀ ਆਫ ਪੰਜਾਬ,
ਮਾਨਸਾ ਰੋਡ, ਬੰਠਿਡਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ,
ਬਾਬਾ ਫਰੀਦ ਯੂਨੀਵਰਸਿਟੀ ਆਫ
ਹੈਲਥ ਸਾਇੰਸਿਜ਼, ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ,
ਬਾਬਾ ਫਰੀਦ ਯੂਨੀਵਰਸਿਟੀ ਆਫ
ਹੈਲਥ ਸਾਇੰਸਿਜ਼, ਫਰੀਦਕੋਟ। -------ਉੱਤਰਦਾਤਾ

**ਅਪੀਲ ਕੇਸ ਨੰ: 2457/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ ।
2) ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਮੈਡਮ ਨਿਹਾਰਿਕਾ ਗੁਪਤਾ, ਵਕੀਲ (81468-29983)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-03-2019, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-2016 ਤੋਂ 28-02-2019 ਤੱਕ ਆਪਣੇ ਨਾਲ ਸਬੰਧਤ ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ ਕੋਲ ਦਾਇਰ ਕੀਤੀਆਂ ਗਈਆਂ ਆਰ.ਟੀ.ਆਈ. ਅਰਜ਼ੀਆਂ ਅਤੇ ਹੋਰ ਦਫ਼ਤਰੀ ਰਿਕਾਰਡ ਆਦਿ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 11-09-2019 ਨੂੰ ਅਪੀਲਕਰਤਾ ਵੱਲੋਂ ਸ਼੍ਰੀ ਵਰੁਣ ਬਾਂਸਲ, ਆਰ.ਟੀ.ਆਈ. ਕੌਂਸਲਰ ਹਾਜ਼ਰ ਹੋਇਆ ਸੀ, ਉਸ ਵਲੋਂ ਦੱਸਿਆ ਗਿਆ ਸੀ ਕਿ ਉਸ ਨੂੰ ਉੱਤਰਦਾਤਾ ਕੋਲੋਂ ਸੂਚਨਾ ਤਾਂ ਪ੍ਰਾਪਤ ਹੋਈ ਹੈ ਪਰੰਤੂ ਨੁਕਤਾ ਨੰ:1 ਬਾਰੇ ਸੂਚਨਾ ਨਹੀਂ ਦਿੱਤੀ ਗਈ।ਇਸ ਲਈ ਉਸ ਨੇ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ ਵੱਲੋਂ ਪਿਛਲੀ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਸੀ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ।ਪਰ ਸ਼੍ਰੀ ਸਰਬਜੀਤ ਸਿੰਘ, ਕਲਰਕ ਮਾਰਫ਼ਤ ਸ਼੍ਰੀਮਤੀ ਨਿਹਾਰਕਾ ਗੁਪਤਾ, ਐਡਵੋਕੇਟ, ਅਦਾਲਤ ਦੀ ਕਾਰਵਾਈ ਖਤਮ ਹੋਣ ਉਪਰੰਤ ਹਾਜ਼ਰ ਹੋਇਆ ਜਿਸ ਨੂੰ ਅਦਾਲਤ ਦੀ ਕਾਰਵਾਈ ਤੋਂ ਜਾਣੂ ਕਰਵਾ ਦਿੱਤਾ ਗਿਆ ਸੀ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਸੂਚਨਾ

ਪਰਤੋ ਜੀ -----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 2457/2019**

ਵਿੱਚ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਕੇਸ ਵਿਚ ਅਗਲੀ ਮਿਤੀ 09-10-2019 ਨਿਸਚਿਤ ਕੀਤੀ ਗਈ ਸੀ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਈ, ਪਰ ਉਸ ਵਲੋਂ ਈ.ਮੇਲ ਰਾਹੀਂ ਦਸਿਆ ਗਿਆ ਸੀ ਉਹ ਰੁਝੇਵਿਆਂ ਕਾਰਨ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦੀ। ਇਸ ਲਈ ਉਤਰਦਾਤਾ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਨੁਕਤਾ ਨੰ: 1 ਨਾਲ ਸਬੰਧਤ ਸੂਚਨਾ ਮੁਹੱਈਆ ਕਰਵਾਏ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵਲੋਂ ਹਾਜ਼ਰ ਮੈਡਮ ਸੰਗੀਤਾ, ਵਕੀਲ ਨੇ ਲੋਕ ਸੂਚਨਾ ਅਧਿਕਾਰੀ ਵਲੋ ਦਿੱਤੇ ਗਏ ਉੱਤਰ ਪੱਤਰ ਮਿਤੀ 04-10-2019 ਦੀ ਕਾਪੀ ਪੇਸ਼ ਕੀਤੀ ਜੋ ਕਿ ਅਪੀਲਕਰਤਾ ਨੂੰ ਸੰਬੋਧਤ ਸੀ । ਇਸ ਤੋਂ ਪਹਿਲਾਂ ਕਿ ਉਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵਲੋਂ ਦਿੱਤੇ ਗਏ ਉੱਤਰ ਤੇ ਕੋਈ ਫੈਸਲਾ ਲਿਆ ਜਾਵੇ ਦੋਨਾਂ ਧਿੱਰਾਂ ਆਹਮਣੇ ਸਾਹਮਣੇ ਹੋ ਕੇ ਆਪਣਾ ਪੱਖ ਪੇਸ਼ ਕਰਨ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਮਿਤੀ ਤੇ ਪੇਸ਼ ਹੋਣਾ ਯਕੀਨੀ ਬਣਾਇਆ ਜਾਵੇ। ਇਸ ਕੇਸ ਵਿਚ ਅਗਲੀ ਸੁਣਵਾਈ ਦੀ ਮਿਤੀ 24-10-2019 ਨਿਸਚਿਤ ਕੀਤੀ ਗਈ ਸੀ।

3. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਈ ਉਸ ਵਲੋਂ ਪ੍ਰਾਪਤ ਈ.ਮੇਲ ਰਾਹੀਂ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਸੰਤੁਸ਼ਟ ਹੈ। ਕਮਿਸ਼ਨ ਵਲੋਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਦੁਆਰਾ ਦਿੱਤੇ ਗਏ ਉੱਤਰ ਤੇ ਕੋਈ ਫੈਸਲਾ ਲੈਣ ਤੋਂ ਪਹਿਲਾਂ ਦੋਨਾਂ ਧਿੱਰਾਂ ਨੂੰ ਆਹਮਣੇ ਸਾਹਮਣੇ ਹੋ ਕੇ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਅੱਜ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਮੈਡਮ ਨਿਹਾਰਿਕਾ ਗੁਪਤਾ, ਵਕੀਲ ਪੇਸ਼ ਹੋਈ।ਅਪੀਲਕਰਤਾ ਪ੍ਰਾਪਤ ਸੂਚਨਾ ਤੋ ਸੰਤੁਸ਼ਟ ਹੈ, ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 24 ਅਕਤੂਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਗੁਰੂਸਰ ਸੁਧਾਰ, ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:1819/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁੱਕਮ:**

ਪਿਛਲੀ ਪੇਸ਼ੀ, ਮਿਤੀ 19 ਅਗਸਤ, 2019 ਤੇ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਪ੍ਰਭਜੋਤ ਕੌਰ, ਸਹਾਇਕ ਪ੍ਰੋਗਰਾਮ ਅਫਸਰ ਨੂੰ ਅਪੀਲਕਰਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਦੀ ਇਸ ਸੀਟ ਤੇ ਹੁਣੇ ਤੈਨਾਤੀ ਹੋਈ ਸੀ ਅਤੇ ਅਪੀਲਕਰਤਾ ਨੂੰ ਸੂਚਨਾ ਜਲਦੀ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਸੀ। ਪਰ ਉਤਰਦਾਤਾ ((ਲੋਕ ਸੂਚਨਾ ਅਧਿਕਾਰੀ) ਵੱਲੋਂ ਮਿਤੀ 11-09-2019, 9-10-2019 ਨੂੰ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਜਦੋਂ ਕਿ ਉੱਤਰਦਾਤਾ ਨੂੰ ਪੇਸ਼ੀ ਤੇ ਹਾਜ਼ਰ ਹੋਣਾ ਚਾਹੀਦਾ ਸੀ। ਇਸ ਲਈ ਉੱਤਰਦਾਤਾ ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਬਨਦੀ ਸੂਚਨਾ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਅਗਲੀ ਪੇਸ਼ੀ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ। ਇਹ ਕੇਸ ਅਗਲੀ ਸੁਣਵਾਈ ਮਿਤੀ 24-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

3. ਉੱਤਰਦਾਤਾ ਵਲੋਂ ਵੀ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ ਵਲੋਂ ਅਜੇ ਤੱਕ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਜਦੋਂਕਿ ਪਿਛਲੀ ਮਿਤੀ 19-08-2019 ਨੂੰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਪ੍ਰਭਜੋਤ ਕੌਰ, ਸਹਾਇਕ ਪ੍ਰੋਗਰਾਮ ਅਫਸਰ ਨੇ ਅਪੀਲਕਰਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਦੀ ਇਸ ਸੀਟ ਤੇ ਹੁਣੇ ਤੈਨਾਤੀ ਹੋਈ ਸੀ ਅਤੇ ਅਪੀਲਕਰਤਾ ਨੂੰ ਸੂਚਨਾ ਜਲਦੀ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਸੀ ਪਰ ਉਹ ਪਿਛਲੀਆਂ ਮਿਤੀਆਂ ਤੇ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਅਪੀਲਕਰਤਾ ਨੂੰ ਅੱਜੇ ਤੱਕ ਸੂਚਨਾ ਹੀ ਮੁਹੱਈਆ ਕਰਵਾਈ ਗਈ ਹੈ । ਇਸ ਲਈ ਸ਼੍ਰੀਮਤੀ ਪ੍ਰਭਜੋਤ ਕੌਰ, ਸਹਾਇਕ ਪ੍ਰੋਗਰਾਮ ਅਫਸਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਅਗਲੀ ਪੇਸ਼ੀ ਦੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਏ ਅਤੇ ਪਿਛਲੀਆਂ ਮਿਤੀਆਂ ਤੇ ਹਾਜ਼ਰ ਨਾ ਹੋਣ ਸਬੰਧੀ ਆਪਣਾ ਸਪੱਸ਼ਟੀਕਰਣ ਦਿੱਤਾ ਜਾਵੇ। ਇਸ ਦੇ ਨਾਲ ਹੀ ਅਗਲੀ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 14-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 24 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਖੁਸ਼ਦੀਪ ਗੋਇਲ, (79736-42151)
ਮਕਾਨ ਨੰ:2061,
ਅਰਬਨ ਐਸਟੇਟ ਫੇਸ-2, ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਵਿੱਦਿਆ ਭਵਨ, ਫੇਸ-8, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਵਿੱਦਿਆ ਭਵਨ, ਫੇਸ-8, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 2035/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ( ਲੋਕ ਸੂਚਨਾ ਅਧਿਕਾਰੀ)ਵੱਲੋ ਸ੍ਰੀਮਤੀ ਮਨੀਸ਼ਾ,(93064-49429) ਸੀਨੀਅਰ ਸਹਾਇਕ ਸ੍ਰੀਮਤੀ ਜਸਵੰਤ ਕੌਰ ਸੁਪਰਡੰਟ (9501872255) ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ ।

**ਹਕਮ:**

ਪਿਛਲੀ ਪੇਸ਼ੀ, ਮਿਤੀ 09-10-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 09-10-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਸਹੀ ਜਾਣਕਾਰੀ ਮੁਹਈਆ ਨਹੀਂ ਕਰਵਾਈ ਗਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਕੇਸ ਦਾ ਮੈਰਿਟ ਦੇ ਅਧਾਰ ਤੇ ਫੈਸਲਾ ਕਰਨ ਲਈ ਬੇਨਤੀ ਕੀਤੀ ਗਈ ਸੀ। ਕਮਿਸ਼ਨ ਵਲੋਂ ਮਿਤੀ 20 ਅਗਸਤ, 2019 ਅਤੇ ਮਿਤੀ 10 ਸਤੰਬਰ, 2019 ਨੂੰ ਜ਼ਾਰੀ ਕੀਤੇ ਗਏ ਹੁਕੱਮਾਂ ਵਿਚ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਅਪੀਲਕਰਤਾ ਨੂੰ ਜਵਾਬ ਲੇਟ ਭੇਜਣ ਬਾਰੇ ਸਥਿਤੀ ਸਪੱਸ਼ਟ ਕੀਤੀ ਜਾਵੇ। ਇਸ ਉਪਰੰਤ ਪਿਛਲੀ ਮਿਤੀ 09-10-2019 ਨੂੰ ਵੀ ਉੱਤਰਦਾਤਾ ( ਲੋਕ ਸੂਚਨਾ ਅਧਿਕਾਰੀ) ਸ੍ਰੀ ਗੁਰਦਰਸ਼ਨ ਸਿੰਘ ਬਰਾੜ, ਕਮਿਸ਼ਨ ਸਾਹਮਣੇ ਪੇਸ਼ ਨਹੀਂ ਹੋਏ ਅਤੇ ਨਾਂ ਹੀ ਅੱਜ ਪੇਸ਼ੀ ਤੇ ਹਾਜ਼ਰ ਹੋਏ ਜਦੋਂ ਕਿ ਜ਼ਾਰੀ ਕੀਤੇ ਹੁਕੱਮਾਂ ਵਿਚ ਸਪੱਸ਼ਟ ਕੀਤਾ ਗਿਆ ਸੀ ਕਿ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਿਖਤੀ ਰੂਪ ਵਿਚ ਆਪਣਾ ਸ੍ਰਪੱਸ਼ਟੀਕਰਣ ਪੇਸ਼ ਕਰੋ । ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 24-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

2. ਅੱਜ ਪੇਸ਼ੀ ਮਿਤੀ 09-10-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

3. ਉੱਤਰਦਾਤਾ ਵਲੋਂ ਸ੍ਰੀਮਤੀ ਮਨੀਸ਼ਾ, ਸੀਨੀਅਰ ਸਹਾਇਕ ਅਤੇ ਸ੍ਰੀਮਤੀ ਜਸਵੰਤ ਕੌਰ ਸੁਪਰਡੰਟ, ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ ਹਾਜ਼ਰ ਹੋਏ, ਉਨ੍ਹਾਂ ਵਲੋਂ ਦਸਿਆ ਗਿਆ ਕਿ ਉੱਤਰਦਾਤਾ ( ਲੋਕ ਸੂਚਨਾ ਅਧਿਕਾਰੀ) ਸ੍ਰੀ ਗੁਰਦਰਸ਼ਨ ਸਿੰਘ ਬਰਾੜ, ਨੂੰ ਕਿਸੇ ਘਰੇਲੂ ਜ਼ਰੂਰੀ ਕੰਮ ਲਈ ਬਟਾਲਾ ਵਿਖੇ ਜਾਣਾ ਪੈ ਗਿਆ ਜਿਸ ਕਾਰਨ ਉਨ੍ਹਾਂ ਵਲੋਂ ਲਿੱਖਤੀ ਰੂਪ ਵਿਚ ਦਿੱਤਾ ਗਿਆ ਹੈ। ਪੇਸ਼ੀ ਤੇ ਹਾਜ਼ਰ ਨੁਮਾਇੰਦਿਆਂ ਵਲੋਂ ਪੱਤਰ ਮੀਮੋ ਨੰ: 20/08-2019 ਸੇਵਾਵਾਂ(7)/3708 ਮਿਤੀ ਸ:ਅ:ਸ:ਨਗਰ: 23-10-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਪੇਸ਼ ਕੀਤਾ ਗਿਆ। ਪੇਸ਼ ਕੀਤੇ ਗਏ ਪੱਤਰ ਵਿਚ ਦੇਰੀ ਨਾਲ ਉੱਤਰ ਦੇ ਸਬੰਧੀ ਆਪਣਾ ਸਪੱਸ਼ਟੀਕਰਨ ਦਿੱਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਪਿਛਲੀ ਪੇਸ਼ੀ ਮਿਤੀ 09-10-2019 ਤੇ ਉੱਤਰਦਾਤਾ ( ਲੋਕ ਸੂਚਨਾ ਅਧਿਕਾਰੀ) ਸ੍ਰੀ ਗੁਰਦਰਸ਼ਨ ਸਿੰਘ ਬਰਾੜ

ਪਰਤੋ ਜੀ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 2035/2019

ਨੂੰ ਅੱਜ ਕਮਿਸ਼ਨ ਸਾਹਮਣੇ ਪੇਸ਼ ਨਿੱਜੀ ਤੌਰ ਤੇ ਪੇਸ਼ ਹਾਜ਼ਰ ਹੋ ਕੇ ਲਿਖਤੀ ਰੂਪ ਵਿਚ ਆਪਣਾ ਸ਼ਪੱਸ਼ਟੀਕਰਣ ਪੇਸ਼ ਕਰਨ ਲਈ ਲਿਖਿਆ ਗਿਆ ਸੀ।ਪਰ ਉਸ ਵਲੋਂ ਕਮਿਸ਼ਨ ਦੇ ਹੁਕੱਮਾਂ ਦੀ ਪਾਲਣਾ ਨਾ ਕਰਦੇ ਹੋਏ ਅੱਜ ਵੀ ਨਿੱਜੀ ਪੱਧਰ ਤੇ ਹਾਜ਼ਰ ਨਹੀਂ ਹੋਇਆ ਅਤੇ ਪੇਸ਼ ਹੋਏ ਨੁਮਾਇੰਦਿਆਂ ਵਲੋਂ ਦਸਿਆ ਗਿਆ ਕਿ ਉਹ ਬਟਾਲਾ ਵਿਖੇ ਗਏ ਹਨ। ਇਸ ਤੋਂ ਸਪੱਸ਼ਟ ਹੈ ਕਿ ਲੋਕ ਸੌਚਨਾ ਅਧਿਕਾਰੀ ਆਰ.ਟੀ.ਐਕਟ 2005 ਦਾ ਸਨਮਾਨ ਨਹੀਂ ਕਰਦਾ ਅਤੇ ਵਾਰ ਵਾਰ ਹੁਕੱਮਾਂ ਦੇ ਬਾਵਜੂਦ ਵੀ ਕਮਿਸ਼ਨ ਸਾਹਮਣੇ ਪੇਸ਼ ਨਹੀਂ ਹੋ ਰਿਹਾ। ਜਿਸਦਾ ਕਮਿਸ਼ਨ ਵਲੋਂ ਸਖਤ ਨੋਟਿਸ ਲਿਆ ਗਿਆ ਹੈ। ਇਸ ਲਈ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ ਤੇ ਅੱਜ ਵੀ ਪੇਸ਼ੀ ਤੇ ਨਿੱਜੀ ਤੌਰ ਤੇ ਪੇਸ਼ ਨਾ ਹੋਣ ਬਾਰੇ ਆਪਣਾ ਸ਼ਪੱਸ਼ਟੀਕਰਣ ਪੇਸ਼ ਕਰੇ । ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ** 30-10-2019 **ਨੂੰ ਸਵੇਰੇ** 11-30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 24 **ਅਕਤੂਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਰਵਿੰਦਰ ਸਿੰਘ 9814037222
ਪਿੰਡ ਜੰਗਪੁਰਾ ਡਾਕਖਾਨਾ ਬਨੂਰ ਤਹਿਸੀਲ ਤੇ ਜਿਲਾ ਮੁਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸੈਕਟਰੀ ਦਫਤਰ
ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,ਮੁਹਾਲੀ। ---------ਉੱਤਰਦਾਤਾ

ਅਪੀਲ ਕੇਸ ਨੰ; 3325/2019

ਹਾਜ਼ਰ:-

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮੋਹਿਤ, ਸੀਨੀਅਰ ਸਹਾਇਕ (79862-40093)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-04-2019, ਲੋਕ ਸੂਚਨਾ ਅਧਿਕਾਰੀ ਦਫਤਰ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਬੋਰਡ ਵਲੋਂ ਮਨੋਜ਼ ਕੁਮਾਰ ਪੀ.ਆਈ.ਓ ਜਿਸ ਨੇ ਅਦਾਲਤ ਵਿਚ ਗਲਤ ਦਲੀਲ ਦਿੱਤੀ ਸੀ ਅਤੇ ਸ਼੍ਰੀਮਤੀ ਕੁਲਵੰਤ ਕੌਰ ਪੀ.ਆਈ.ਓ. ਵਲੋਂ ਗਲਤੀ ਨਾਲ ਜਾਣਕਾਰੀ ਦੇ ਦਿੱਤੀ ਸੀ ਵਿਰੁੱਧ ਬੋਰਡ ਵਲੋਂ ਕੀ ਕਾਰਵਾਈ ਕੀਤੀ ਗਈ ਹੈ ਸਬੰਧੀ 02 ਨੁਕਤਿਆਂ ਤੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 22-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪੇਸ਼ੀ ਸਮੇਂ ਅਪੀਲਕਰਤਾ ਸ੍ਰੀ ਪਰਵਿੰਦਰ ਸਿੰਘ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਲੋਕ ਸੂਚਨਾ ਅਧਿਕਾਰੀ ਵਲੋਂ ਮੰਗੀ ਗਈ ਸੂਚਨਾ ਅਜੇ ਤੱਕ ਨਹੀਂ ਦਿੱਤੀ ਗਈ। ਉੱਤਰਦਾਤਾ ਵਲੋਂ ਦਸਿਆ ਗਿਆ ਸੀ ਕਿ ਅਦਾਲਤ ਵਿਚ ਜ਼ੋ ਕੋਰਟ ਕੇਸ ਚਲ ਰਿਹਾ ਸੀ ਉਹ ਡਿਸਮਿਸ ਹੋ ਗਿਆ ਹੈ। ਦੋਨਾਂ ਧਿਰਾਂ ਵਲੋਂ ਪੇਸ਼ ਕੀਤੀਆਂ ਗਈਆਂ ਦਲੀਲਾਂ ਅਤੇ ਰਿਕਾਰਡ ਨੂੰ ਘੋਖਣ ਤੇ ਪਾਇਆ ਗਿਆ ਸੀ ਕਿ ਅਪੀਲਕਰਤਾ ਵਲੋਂ ਮਿਤੀ 25-04-2019 ਨੂੰ ਜ਼ੋ ਅਪੀਲ ਦਾਇਰ ਕੀਤੀ ਗਈ ਸੀ ਉਸ ਰਾਹੀਂ ਅਪੀਲਕਰਤਾ ਵਲੋਂ ਸੂਚਨਾ ਦੀ ਮੰਗ ਕੀਤੀ ਗਈ ਸੀ ਕਿ ਸ੍ਰੀ ਮਨੋਜ਼ ਕੁਮਾਰ ਅਤੇ ਸ੍ਰੀਮਤੀ ਕੁਲਵੰਤ ਕੋਰ, ਪੀ.ਆਈ.ਓਜ਼, ਵਲੋਂ ਅਦਾਲਤ ਵਿਚ ਜ਼ੋ ਗਲੱਤ ਸੂਚਨਾ/ਦਲੀਲ ਪੇਸ਼ ਕੀਤੀ ਗਈ ਸੀ ਉਸ ਸਬੰਧੀ ਉਨ੍ਹਾਂ ਵਿਰੁੱਧ ਕੀ ਕਰਵਾਈ ਕੀਤੀ ਗਈ ਹੈ। ਇਸ ਸਬੰਧ ਵਿਚ ਸਪੱਸ਼ਟ ਉੱਤਰ 03 ਦਿਨਾਂ ਦੇ ਅੰਦਰ ਅੰਦਰ ਅਪੀਲਕਰਤਾ ਨੂੰ ਦਿੱਤਾ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 24-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅੱਜੇ ਤੱਕ ਹੁੱਕਮਾਂ ਅਨੁਸਾਰ ਸੂਚਨਾ ਪ੍ਰਾਪਤ ਨਹੀ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮੋਹਿਤ, ਸੀਨੀਅਰ ਸਹਾਇਕ ਹਾਜ਼ਰ ਹੋਇਆ। ਉਸ ਵਲ਼ੋ ਲੋਕ ਸੂਚਨਾ ਅਧਿਕਾਰੀ ਦਾ ਪੱਤਰ ਮੀਮੋ ਨੰ: 1/66/2013-ਅ6(ਅਸਚਬ)/1747 ਮਿਤੀ 23-10-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ।ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਸਬੰਧੀ ਮਾਮਲਾ ਪ੍ਰਸ਼ਾਸ਼ਨਿਕ ਪੱਧਰ ਤੇ ਵਿਚਾਰ ਅਧੀਨ ਹੈ।

4. ਦੋਨਾਂ ਧਿਰਾਂ ਵਲੋਂ ਦਿੱਤੀਆਂ ਗਈਆਂ ਦਲੀਲਾਂ ਅਤੇ ਪੇਸ਼ ਕੀਤੇ ਗਏ ਰਿਕਾਰਡ ਨੂੰ ਘੋਖਣ ਤੇ ਪਾਇਆ ਗਿਆ ਕਿ ਇਸ ਕੇਸ ਵਿਚ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਦੇ ਸਬੰਧ ਵਿਚ ਉੱਤਰਦਾਤਾ ਵਲੋਂ ਉਕਤ ਪੱਤਰ ਰਾਹੀਂ ਭੇਜੀ ਗਈ ਸੂਚਨਾ ਅਨੁਸਾਰ ਮਾਮਲਾ ਪ੍ਰਸ਼ਾਸ਼ਨਿਕ ਪੱਧਰ ਤੇ ਵਿਚਾਰ ਅਧੀਨ ਹੈ। ਕਮਿਸ਼ਨ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 24 ਅਕਤੂਬਰ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

.